VIGILANCE BUREAU PUNJAB

# Vigilance nabs ASI for taking bribe of Rs. 30,000

Chandigarh, September 10: Punjab Vigilance Bureau, today nabbed an Assistant Sub Inspector (ASI) posted as reader of DSP City, Ferozepur red handed while accepting bribe of Rs. 30,000/-.

Disclosing this here, an official spokesperson of the Vigilance Bureau said ASI Gurlabh Singh was arrested on the complaint of Gurdial Singh of village Jhuge Hazara Singh Wala, Ferozepur district. The complainant has approached the VB and alleged that the accused Reader was demanding Rs. 50,000 to help him in an enquiry against him and his family members and the deal was struck at Rs. 30,000.

After verifying his information, the VB team laid a trap and the accused ASI was arrested on the spot while taking bribe of Rs.30,000 from the complainant in the presence of two official witnesses.

He informed that a case under Prevention of Corruption Act has been registered against the accused at VB police station Ferozepur and further investigation was under progress.

-------------------

ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਨੇ 30,000 ਰੁਪਏ ਦੀ ਰਿਸ਼ਵਤ ਲੈਂਦਾ ਏ.ਐਸ.ਆਈ. ਰੰਗੇ ਹੱਥੀਂ ਦਬੋਚਿਆ

ਚੰਡੀਗੜ੍ਹ, 10 ਸਤੰਬਰ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਡੀ.ਐਸ.ਪੀ ਸਿਟੀ ਫਿਰੋਜ਼ਪੁਰ ਦੇ ਰੀਡਰ ਏ.ਐਸ.ਆਈ. ਗੁਰਲਾਭ ਸਿੰਘ ਨੂੰ 30,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ. ਨੂੰ ਸ਼ਿਕਾਇਤਕਰਤਾ ਗੁਰਦਿਆਲ ਸਿੰਘ ਵਾਸੀ ਝੁੱਗੇ ਹਜਾਰਾ ਸਿੰਘ ਵਾਲਾ ਜਿਲਾ ਫਿਰੋਜਪੁਰ ਦੀ ਸ਼ਿਕਾਇਤ 'ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਕਤ ਰੀਡਰ ਵਲੋਂ ਉਸ ਦੇ ਅਤੇ ਉਸਦੇ ਪਰਿਵਾਰਕ ਮੈਂਬਰਾਂ ਖਿਲਾਫ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿਚ ਦਾਇਰ ਰਿੱਟ ਪਟੀਸ਼ਨ ਸਬੰਧੀ ਚਲ ਰਹੀ ਇੰਕੁਆਰੀ ਬਾਰੇ ਬਿਆਨ ਦਰਜ ਕਰਨ ਵਿਚ ਮੱਦਦ ਕਰਨ ਬਦਲੇ 50,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 30,000 ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 30,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜ਼ਪੁਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

---------------